# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 27-06-2025**

- ਰਾਸ਼ਟਰਪਤੀ ਦ੍ਰੌਪਦੀ ਮੁਰਮੂ ਦਾ ਕਹਿਣਾ ਏ ਕਿ MSME ਭਾਰਤੀ ਅਰਥਵਿਵਸਥਾ ਦੀ ਰੀੜ੍ਹ ਅਤੇ ਨਿਰੰਤਰ ਰਹਿਣ ਯੋਗ ਤੇ ਸਮਾਵੇਸ਼ੀ ਵਿਕਾਸ ਦੀ ਕੁੰਜੀ ਏ .
- ਕੇਂਦਰੀ ਗ੍ਰਹਿ ਰਾਜ ਮੰਤਰੀ, ਸ੍ਰੀ ਬੰਦੀ ਸੰਜੇ ਕੁਮਾਰ ਨੇ ਭਰੋਸਾ ਪ੍ਰਗਟਾਇਆ ਏ ਕਿ ਭਾਰਤ ਦੁਨੀਆ ਦੀ ਮੋਹਰੀ ਆਰਥਿਕ ਸ਼ਕਤੀ ਵਜੋਂ ਉਭਰੇਗਾ ਅਤੇ ਵਿਕਸਿਤ ਭਾਰਤ 2047 ਦੇ ਦ੍ਰਿਸ਼ਟੀਕੋਣ ਨੂੰ ਪ੍ਰਾਪਤ ਕਰੇਗਾ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਸੂਬਾ ਸਰਕਾਰ ਪੰਜਾਬ ਵਿੱਚ ਸਿੱਖਿਆ ਖ਼ੇਤਰ ਨੂੰ ਹੁਲਾਰਾ ਦੇਣ ਲਈ ਲੀਕ ਤੋਂ ਹਟਵੀਆਂ ਪਹਿਲਕਦਮੀਆਂ ਉੱਤੇ ਚੱਲ ਰਹੀ ਏ।

- ਪਠਾਨਕੋਟ ਦੀ ਗੁਲਾਬ ਦੀ ਖੁਸ਼ਬੂ ਵਾਲੀ ਲੀਚੀ ਨੇ ਅੰਤਰਰਾਸ਼ਟਰੀ ਪੱਧਰ ‘ਤੇ ਖੱਟਿਆ ਨਾਂ. ਕਤਰ ਤੇ ਦੁਬਈ ਨੂੰ ਕੀਤੀ ਗਈ ਬਰਾਮਦ.
- ਰੂਪਨਗਰ ਸ਼ਹਿਰ ਨੂੰ ਜੋੜਨ ਲਈ ਭਾਖੜਾ ਨਹਿਰ ‘ਤੇ ਬਣਨ ਵਾਲੇ ਨਵੇਂ ਪੁਲ ਦਾ ਨਿਰਮਾਣ ਕਾਰਜ ਸ਼ੁਰੂ।

-----------------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ ਏ ਕਿ ਦੇਸ਼ ਦੇ ਨਿਰੰਤਰ ਰਹਿਣਯੋਗ ਆਰਥਿਕ ਵਿਕਾਸ ਲਈ, ਇੱਕ ਮਜ਼ਬੂਤ ਸੂਖਮ, ਛੋਟੇ ਅਤੇ ਦਰਮਿਆਨੇ ਉਦਮਾਂ ਲਈ ਮਜ਼ਬੂਤ MSME ਸਿਲਸਿਲਾ ਜ਼ਰੂਰੀ ਏ। ਰਾਸ਼ਟਰਪਤੀ ਨੇ ਕਿਹਾ ਕਿ ਇਹ ਦੇਸ਼ ਦੀ ਆਰਥਿਕਤਾ ਦਾ ਇੱਕ ਮਜ਼ਬੂਤ ਥੰਮ੍ਹ ਏ। ਅੱਜ ਨਵੀਂ ਦਿੱਲੀ ਵਿੱਚ ਅੰਤਰਰਾਸ਼ਟਰੀ MSME ਦਿਵਸ ਸਮਾਰੋਹ ਨੂੰ ਸੰਬੋਧਨ ਕਰਦਿਆਂ, ਰਾਸ਼ਟਰਪਤੀ ਨੇ ਕਿਹਾ ਕਿ MSME ਸੈਕਟਰ, ਦੇਸ਼ ਦੇ ਵਿਕਾਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਰਿਹਾ ਏ। ਉਨ੍ਹਾਂ ਕਿਹਾ ਕਿ ਇਹ ਸੈਕਟਰ ਦੇਸ਼ ਦੀ GDP ਵਿੱਚ ਲਗਭਗ 30 ਫ਼ੀਸਦੀ, ਨਿਰਮਾਣ ਖੇਤਰ ਵਿੱਚ 36 ਫ਼ੀਸਦੀ ਅਤੇ ਬਰਾਮਦ ਵਿੱਚ

45 ਫ਼ੀਸਦੀ ਯੋਗਦਾਨ ਪਾਉਂਦਾ ਏ। ਰਾਸ਼ਟਰਪਤੀ ਨੇ ਕਿਹਾ ਕਿ, MSME ਸੈਕਟਰ ਨਾ ਸਿਰਫ਼ ਦੇਸ਼ ਦੇ GDP ਵਿੱਚ ਅਹਿਮਯੋਗਦਾਨ ਪਾਉਂਦਾ ਏ, ਸਗੋਂ ਜ਼ਮੀਨੀ ਪੱਧਰ 'ਤੇ ਨਵੀਆਂ ਕਾਢਾਂ ਨੂੰ ਵੀ ਉਤਸ਼ਾਹਿਤ ਕਰਦਾ ਏ

byte –

ਰਾਸ਼ਟਰਪਤੀ ਨੇ ਕਿਹਾ ਕਿ MSME ਸੈਕਟਰ, ਦਿਹਾਤੀ ਅਤੇ ਪਛੜੇ ਖੇਤਰਾਂ ਵਿੱਚ ਰੁਜ਼ਗਾਰ ਦੇ ਮੌਕੇ ਪੈਦਾ ਕਰਦਾ ਏ। ਉਨ੍ਹਾਂ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ, MSME ਸੈਕਟਰ ਖੇਤੀਬਾੜੀ ਤੋਂ ਬਾਅਦ, ਦੇਸ਼ ਵਿੱਚ ਦੂਜਾ ਸਭ ਤੋਂ ਵੱਡਾ ਰੁਜ਼ਗਾਰ ਪੈਦਾ ਕਰਨ ਵਾਲਾ ਖੇਤਰ ਏ। ਸੂਖਮ, ਛੋਟੇ ਅਤੇ ਦਰਮਿਆਨੇ ਉੱਦਮ, ਭਾਰਤੀ ਅਤੇ ਆਲਮੀ ਅਰਥਵਿਵਸਥਾ ਦੀ ਰੀੜ੍ਹ ਨੇ।

---------------------------------------------------------------

ਕੇਂਦਰੀ ਗ੍ਰਹਿ ਰਾਜ ਮੰਤਰੀ, ਸ਼੍ਰੀ ਬੰਦੀ ਸੰਜੇ ਕੁਮਾਰ ਨੇ ਭਰੋਸਾ ਪ੍ਰਗਟਾਇਆ ਏ ਕਿ ਭਾਰਤ ਦੁਨੀਆ ਦੀ ਮੋਹਰੀ ਆਰਥਿਕ ਸ਼ਕਤੀ ਵਜੋਂ ਉਭਰੇਗਾ ਅਤੇ ਵਿਕਸਿਤ ਭਾਰਤ 2047 ਦੇ ਦ੍ਰਿਸ਼ਟੀਕੋਣ ਨੂੰ ਪ੍ਰਾਪਤ

ਕਰੇਗਾ । ਮੰਤਰੀ ਨੇ ਕਿਹਾ ਕਿ ਵਿਕਸਿਤ ਭਾਰਤ ਮਿਸ਼ਨ ਦੇ ਹਿੱਸੇ ਵਜੋਂ, ਚੰਡੀਗੜ੍ਹ ਨੂੰ ਇੱਕ ਗਿਆਨ ਦੇ ਕੇਂਦਰ, ਤੰਦਰੁਸਤੀ ਦੇ ਸ਼ਹਿਰ ਅਤੇ ਸਮਾਰਟ ਸ਼ਾਸਨ ਦੇ ਇੱਕ ਮਾਡਲ ਵਜੋਂ ਵਿਕਸਤ ਕੀਤਾ ਜਾਵੇਗਾ। ਉਹ ਅੱਜ ਚੰਡੀਗੜ੍ਹ ਵਿੱਚ 2 ਹਜ਼ਾਰ 500 ਕਿਲੋਵਾਟ ਫਲੋਟਿੰਗ ਸੂਰਜੀ ਬਿਜਲੀ ਪਲਾਂਟ ਦਾ ਉਦਘਾਟਨ ਕਰਨ ਸਮੇਤ ਕਈ ਵਿਕਾਸ ਪ੍ਰੋਜੈਕਟਾਂ ਦਾ ਨੀਂਹ ਪੱਥਰ ਰੱਖਣ ਅਤੇ ਉਦਘਾਟਨ ਕਰਨ ਲਈ ਆਏ ਸਨ। ਉਨ੍ਹਾਂ ਨੇ ਚੰਡੀਗੜ੍ਹ ਆਰਮਡ ਪੁਲਿਸ ਕੰਪਲੈਕਸ ਵਿੱਚ 144 ਰਿਹਾਇਸ਼ੀ ਯੂਨਿਟਾਂ ਦੇ ਨਿਰਮਾਣ ਲਈ ਨੀਂਹ ਪੱਥਰ ਰੱਖਿਆ ਅਤੇ ਵਿਦਿਅਕ ਸੰਸਥਾਵਾਂ ਵਿੱਚ ਕੁਝ ਪ੍ਰੋਜੈਕਟਾਂ ਦਾ ਉਦਘਾਟਨ ਵੀ ਕੀਤਾ। ਸ੍ਰੀ ਕੁਮਾਰ ਨੇ ਕਿਹਾ ਕਿ ਇਹ ਪ੍ਰੋਜੈਕਟ ਨਾ ਸਿਰਫ਼ ਚੰਡੀਗੜ੍ਹ ਦੇ ਵਿਕਾਸ ਨੂੰ, ਸਗੋਂ 'ਸਬਕਾ ਸਾਥ, ਸਬਕਾ ਵਿਕਾਸ, ਸਬਕਾ ਵਿਸ਼ਵਾਸ, ਸਬਕਾ ਪ੍ਰਯਾਸ' ਦੇ ਸਿਧਾਂਤ ਤਹਿਤ ਵਿਆਪਕ ਰਾਸ਼ਟਰੀ ਦ੍ਰਿਸ਼ਟੀਕੋਣ ਅਤੇ ਵਚਨਬੱਧਤਾ ਨੂੰ ਵੀ ਦਰਸਾਉਂਦੇ ਨੇ।

---------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਕਿਹਾ ਏ ਕਿ ਸੂਬਾ

ਸਰਕਾਰ ਪੰਜਾਬ ਵਿੱਚ ਸਿੱਖਿਆ ਖ਼ੇਤਰ ਨੂੰ ਹੁਲਾਰਾ ਦੇਣ ਲਈ ਲੀਕ ਤੋਂ ਹਟਵੀਆਂ ਪਹਿਲਕਦਮੀਆਂ ਉੱਤੇ ਚੱਲ ਰਹੀ ਏ। ਨੀਟ ਪ੍ਰੀਖਿਆ ਪਾਸ ਕਰਨ ਵਾਲੇ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਦਾ ਸਨਮਾਨ ਕਰਨ ਲਈ ਰੱਖੇ ਸਮਾਰੋਹ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸਿੱਖਿਆ ਖ਼ੇਤਰ ਵਿੱਚ ਪਿਛਲੇ ਤਿੰਨ ਸਾਲਾਂ ਵਿੱਚ ਮਿਸਾਲੀ ਤਬਦੀਲੀ ਦੇਖਣ ਨੂੰ ਮਿਲੀ ਏ। ਉਨ੍ਹਾਂ ਕਿਹਾ ਕਿ ਇਨ੍ਹਾਂ ਕ੍ਰਾਂਤੀਕਾਰੀ ਕਦਮਾਂ ਨਾਲ ਸਿੱਖਿਆ ਖ਼ੇਤਰ ਨੂੰ ਵੱਡਾ ਹੁਲਾਰਾ ਮਿਲਿਆ ਏ, ਜਿਸ ਕਾਰਨ ਇਨ੍ਹੀਂ ਦਿਨੀਂ ਵਿਦਿਆਰਥੀ ਹਰੇਕ ਖ਼ੇਤਰ ਵਿੱਚ ਸਫ਼ਲਤਾ ਦੇ ਝੰਡੇ ਗੱਡ ਰਹੇ ਨੇ. ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅੱਜ ਦਾ ਦਿਨ ਇਤਿਹਾਸਕ ਏ, ਕਿਉਂਕਿ ਸਰਕਾਰੀ ਸਕੂਲਾਂ ਦੇ 509 ਵਿਦਿਆਰਥੀਆਂ ਨੇ ਨੀਟ ਦੀ ਵੱਕਾਰੀ ਪ੍ਰੀਖਿਆ ਪਾਸ ਕੀਤੀ ਏ। ਮੁਖ ਮੰਤਰੀ ਨੇ ਇਹ ਵੀ ਕਿਹਾ ਕਿ ਪੰਜਾਬ ਦੇ ਇਤਿਹਾਸ ਵਿੱਚ ਪਹਿਲੀ ਦਫ਼ਾ ਸੂਬਾ ਸਰਕਾਰ ਨੇ ‘ਯੁੱਧ ਨਸ਼ਿਆਂ ਵਿਰੁੱਧ’ ਦੇ ਰੂਪ ਵਿੱਚ ਵਿਆਪਕ ਲੋਕ ਲਹਿਰ ਸ਼ੁਰੂ ਕੀਤੀ ਏ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਪੰਜਾਬ ਵਿੱਚੋਂ ਨਸ਼ਿਆਂ ਦੇ ਖ਼ਤਰੇ ਦੀ ਜੜ੍ਹ ਵੱਢਣ ਲਈ ਹਰ ਕੋਸ਼ਿਸ਼ ਕਰੇਗੀ। ਉਨ੍ਹਾਂ ਕਿਹਾ ਕਿ ਨਸ਼ਾ ਤਸਕਰੀ

ਵਿੱਚ ਸ਼ਾਮਲ ਮੁਲਜ਼ਮਾਂ ਨੂੰ ਸੂਬਾ ਸਰਕਾਰ ਵੱਲੋਂ ਸਲਾਖਾਂ ਪਿੱਛੇ ਡੱਕਿਆ ਜਾ ਰਿਹਾ ਏ। ਮੁੱਖ ਮੰਤਰੀ ਨੇ ਕਿਹਾ ਕਿ ਇਨ੍ਹਾਂ ਵਿਦਿਆਰਥੀਆਂ ਨੇ ਆਪਣੀ ਸਖ਼ਤ ਮਿਹਨਤ ਤੇ ਘਾਲਣਾ ਨਾਲ ਇਸ ਅਹਿਮ ਪ੍ਰੀਖਿਆ ਨੂੰ ਪਾਸ ਕੀਤਾ ਏ। ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਇਕ ਹੋਰ ਅਹਿਮ ਪਹਿਲਕਦਮੀ ਤਹਿਤ ਜਨਤਕ ਲਾਇਬ੍ਰੇਰੀਆਂ ਬਣਾਉਣ ਦੀ ਸ਼ੁਰੂਆਤ ਕੀਤੀ ਹੈ ਤਾਂ ਕਿ ਵਿਦਿਆਰਥੀਆਂ ਵਿਚਾਲੇ ਪੜ੍ਹਨ ਦੀ ਰੁਚੀ ਬਣੇ। ਉਨ੍ਹਾਂ ਕਿਹਾ ਕਿ ਇਨ੍ਹਾਂ ਲਾਇਬ੍ਰੇਰੀਆਂ ਨੂੰ ਵਾਈ-ਫਾਈ, ਸੋਲਰ ਪਾਵਰ ਡਿਜੀਟਲ ਐਨਾਲਾਗ ਅਤੇ ਹੋਰ ਸਹੂਲਤਾਂ ਨਾਲ ਲੈਸ ਕੀਤਾ ਗਿਆ ਏ। ਇਸ ਪ੍ਰੋਗਰਾਮ ਦੌਰਾਨ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਤੇ ਹੋਰ ਵੀ ਹਾਜ਼ਰ ਸਨ।

---------------------------------------------------------

ਪੰਜਾਬ ਪੁਲਿਸ ਨੇ ਦਹਿਸ਼ਤਗਰਦ ਹਰਵਿੰਦਰ ਸਿੰਘ ਰਿੰਦਾ ਦੇ ਇਸ਼ਾਰਿਆਂ'ਤੇ ਬਰਤਾਨੀਆ ਅਧਾਰਿਤ ਨਿਸ਼ਾਨ ਸਿੰਘ ਵੱਲੋਂ ਚਲਾਏ ਜਾ ਰਹੇ ਪਾਕਿਸਤਾਨ ਦੀ-ISI ਦੀ ਸ਼ਹਿ ਵਾਲੇ ਬੱਬਰ ਖਾਲਸਾ ਇੰਟਰਨੈਸ਼ਨਲ (ਬੀਕੇਆਈ) ਦਹਿਸ਼ਤਗਰਦ ਮਾਡਿਊਲ ਦੇ ਤਿੰਨ

ਸਾਥੀਆਂ, ਜਿਹਨਾਂ ਵਿੱਚ ਇੱਕ ਨਬਾਲਗ ਵੀ ਸ਼ਾਮਲ ਏ, ਨੂੰ ਗ੍ਰਿਫ਼ਤਾਰ ਕਰਕੇ ਇਸ ਮਾਡਿਊਲ ਦਾ ਪਰਦਾਫਾਸ਼ ਕੀਤਾ ਏ। ਇਹ ਜਾਣਕਾਰੀ ਅੱਜ ਪੰਜਾਬ ਦੇ ਪੁਲਿਸ ਮੁਖੀ ਗੌਰਵ ਯਾਦਵ ਨੇ ਦਿੱਤੀ। ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਸਹਿਜਪਾਲ ਸਿੰਘ ਅਤੇ ਵਿਕਰਮਜੀਤ ਸਿੰਘ ਵਜੋਂ ਕੀਤੀ ਗਈ ਏ ਤੇ ਦੋਵੇਂ ਅੰਮ੍ਰਿਤਸਰ ਦੇ ਰਹਿਣ ਵਾਲੇ ਨੇ. ਇੱਕ 17 ਸਾਲਾ ਨਾਬਾਲਗ ਵੀ ਸ਼ਾਮਿਲ ਏ. ਇਹ ਕਾਰਵਾਈ ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ (ਐਸਐਸਓਸੀ) ਮੋਹਾਲੀ ਵੱਲੋਂ ਖੁਫੀਆ ਜਾਣਕਾਰੀ ਦੇ ਆਧਾਰ ‘ਤੇ ਕੀਤੀ ਗਈ ਹੈ। ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਕਾਰਵਾਈ ਦੌਰਾਨ, ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਦੇ ਕਬਜ਼ੇ ਵਿੱਚੋਂ ਦੋ ਹੈਂਡ ਗ੍ਰਨੇਡ ਅਤੇ ਇੱਕ ਆਧੁਨਿਕ 9 ਪਿਸਤੌਲ ਸਮੇਤ ਤਿੰਨ ਜ਼ਿੰਦਾ ਕਾਰਤੂਸ ਬਰਾਮਦ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਇਹ ਗਿਰੋਹ ਅੰਮ੍ਰਿਤਸਰ ਦੇ ਇਲਾਕੇ ਵਿੱਚ ਪੁਲਿਸ ਅਦਾਰਿਆਂ 'ਤੇ ਹਮਲੇ ਅਤੇ ਮਿੱਥ ਕੇ ਕਤਲ ਦੀਆਂ ਵਾਰਦਾਤਾਂ ਨੂੰ ਅੰਜ਼ਾਮ ਦੇਣ ਦੀ ਸਾਜ਼ਿਸ਼ ਰਚ ਰਿਹਾ ਸੀ।

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ 29 ਜੂਨ ਨੂੰ ਆਕਾਸ਼ਵਾਣੀ 'ਤੇ ''ਮਨ ਕੀ ਬਾਤ'' ਪ੍ਰੋਗਰਾਮ ਵਿੱਚ ਦੇਸ਼-ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ। ਇਹ ਹਰ ਮਹੀਨੇ ਪ੍ਰਸਾਰਿਤ ਹੋਣ ਵਾਲੇ ਰੇਡੀਓ ਪ੍ਰੋਗਰਾਮ ਦਾ 123ਵਾਂ ਐਪੀਸੋਡ ਹੋਵੇਗਾ। 'ਮਨ ਕੀ ਬਾਤ' ਪ੍ਰੋਗਰਾਮ ਆਕਾਸ਼ਵਾਣੀ ਅਤੇ ਦੂਰਦਰਸ਼ਨ ਦੇ ਸਮੁੱਚੇ ਨੈੱਟਵਰਕ, ਆਕਾਸ਼ਵਾਣੀ ਖਬਰਾਂ ਦੀ WEBSITE ਅਤੇ NEWSONAIR ਮੋਬਾਈਲ ਐਪ 'ਤੇ ਪ੍ਰਸਾਰਿਤ ਕੀਤਾ ਜਾਵੇਗਾ। ਇਸ ਨੂੰ AIR ਨਿਊਜ਼, DD ਨਿਊਜ਼, ਪ੍ਰਧਾਨ ਮੰਤਰੀ ਦੇ ਦਫਤਰ ਅਤੇ ਸੂਚਨਾ ਤੇ ਪ੍ਰਸਾਰਣ ਮੰਤਰਾਲੇ ਦੇ YOUTUBE ਚੈਨਲਾਂ 'ਤੇ ਵੀ ਲਾਈਵ ਸਟ੍ਰੀਮ ਕੀਤਾ ਜਾਵੇਗਾ। ਆਕਾਸ਼ਵਾਣੀ, ਹਿੰਦੀ ਪ੍ਰਸਾਰਣ ਤੋਂ ਤੁਰੰਤ ਬਾਅਦ ਪ੍ਰੋਗਰਾਮ ਨੂੰ ਖੇਤਰੀ ਭਾਸ਼ਾਵਾਂ ਵਿੱਚ ਵੀ ਪ੍ਰਸਾਰਿਤ ਕਰੇਗਾ।

---

ਪਠਾਨਕੋਟ ਦੀ ਗੁਲਾਬ ਦੀ ਖੁਸ਼ਬੂ ਵਾਲੀ ਲੀਚੀ ਦੀ 1 ਮੀਟ੍ਰਿਕ ਟਨ ਦੀ ਖੇਪ ਹਾਲ ਹੀ ਵਿੱਚ ਦੋਹਾ, ਕਤਰ ਨੂੰ ਬਰਾਮਦ ਕੀਤੀ ਗਈ ਏ । ਇਸ ਤੋਂ

ਇਲਾਵਾ, ਇੱਥੋਂ ਅਧਾ ਮੀਟ੍ਰਿਕ ਟਨ ਲੀਚੀ ਦੁਬਈ, ਯੂਏਈ ਨੂੰ ਵੀ ਬਰਾਮਦ ਕੀਤੀ ਗਈ, ਜੋ ਕਿ ਇੱਕ ਦੋਹਰੀ ਬਰਾਮਦ ਪ੍ਰਾਪਤੀ ਏ ਅਤੇ ਵਿਸ਼ਵ ਦੇ ਤਾਜ਼ੇ ਫਲਾਂ ਦੇ ਬਾਜ਼ਾਰਾਂ ਵਿੱਚ ਭਾਰਤ ਦੀ ਸੰਭਾਵਨਾ ਨੂੰ ਮਜ਼ਬੂਤ ਕਰਦੀ ਏ। ਹਲਕਿਆਂ ਮੁਤਾਬਿਕ, ਇਹ APEDA ਵਲੋਂ ਪੰਜਾਬ ਸਰਕਾਰ ਦੇ ਬਾਗਬਾਨੀ ਵਿਭਾਗ ਅਤੇ ਸੁਜਾਨਪੁਰ ਦੇ ਇੱਕ ਪ੍ਰਗਤੀਸ਼ੀਲ ਕਿਸਾਨ, ਸ਼੍ਰੀ ਪ੍ਰਭਾਤ ਸਿੰਘ, ਜਿਨ੍ਹਾਂ ਨੇ ਉੱਚ-ਗੁਣਵੱਤਾ ਵਾਲੇ ਉਤਪਾਦ ਸਪਲਾਈ ਕੀਤੇ ਸਨ, ਦੇ ਸਹਿਯੋਗ ਨਾਲ ਸੰਭਵ ਹੋਇਆ. ਵੇਰਵਾ ਸਾਢੇ ਪਤਰਕਾਰ ਤੋਂ –

---------------------------------------------------

ਤਰਨ ਤਾਰਨ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਡਾ. ਕਸ਼ਮੀਰ ਸਿੰਘ ਸੋਹਲ ਦਾ ਸ਼ੁੱਕਰਵਾਰ ਨੂੰ ਲੰਮੀ ਬਿਮਾਰੀ ਤੋਂ ਬਾਅਦ ਦੇਹਾਂਤ ਹੋ ਗਿਆ ਏ। ਉਹ ਲੰਮੇ ਸਮੇਂ ਤੋਂ ਕੈਂਸਰ ਤੋਂ ਪੀੜਤ ਸਨ। ਕੁਝ ਸਮੇਂ ਤੋਂ ਉਹ ਅੰਮ੍ਰਿਤਸਰ ਦੇ ਫੋਰਟਿਸ ਹਸਪਤਾਲ ਵਿੱਚ ਦਾਖਲ ਸਨ ਅਤੇ ਉੱਥੇ ਇਲਾਜ ਦੌਰਾਨ ਉਨ੍ਹਾਂ ਨੇ ਆਖਰੀ ਸਾਹ ਲਿਆ। ਮੁੱਖ ਮੰਤਰੀ ਭਗਵੰਤ ਮਾਨ ਨੇ ਉਨ੍ਹਾਂ ਦੇ ਦੇਹਾਂਤ 'ਤੇ ਡੂੰਘਾ ਦੁੱਖ ਪ੍ਰਗਟ ਕੀਤਾ ਏ। ਇਸ ਸੋਸ਼ਲ

ਮੀਡੀਆ 'ਤੇ ਓਹਨਾਂ ਲਿਖਿਆ ਕਿ ਵਿਧਾਇਕ, ਡਾ. ਕਸ਼ਮੀਰ ਸਿੰਘ ਸੋਹਲ ਜੀ ਦੇ ਅਚਾਨਕ ਦੇਹਾਂਤ ਦੀ ਦੁਖਦਾਈ ਖ਼ਬਰ ਮਿਲਣ ‘ਤੇ ਓਹ ਬੇਹਦ ਦੁਖੀ ਨੇ. ਓਹਨਾਂ ਕਿਹਾ ਕਿ ਸ਼੍ਰੀ ਸੋਹਲ ਪਾਰਟੀ ਦੇ ਇੱਕ ਮਿਹਨਤੀ ਅਤੇ ਸੰਘਰਸ਼ਸ਼ੀਲ ਨੇਤਾ ਸਨ। ਮੁਖ ਮੰਤਰੀ ਨੇ ਇਸ ਦੁੱਖ ਦੀ ਘੜੀ ਵਿੱਚ ਉਨ੍ਹਾਂ ਦੇ ਪਰਿਵਾਰ ਨਾਲ ਹਮਦਰਦੀ ਵੀ ਜ਼ਾਹਿਰ ਕੀਤੀ ।

---------------------------------------------------------------

ਰੂਪਨਗਰ ਸ਼ਹਿਰ ਨੂੰ ਘਾੜ ਇਲਾਕੇ ਦੇ ਨਾਲ ਜੋੜਨ ਵਾਲੇ ਭਾਖੜਾ ਨਹਿਰ ਤੇ ਬਣਨ ਵਾਲੇ ਨਵੇਂ ਪੁਲ ਦਾ ਨਿਰਮਾਣ ਕਾਰਜ ਸ਼ੁਰੂ ਹੋ ਗਿਆ ਏ । ਅੱਜ ਹਲਕਾ ਵਿਧਾਇਕ ਦਿਨੇਸ਼ ਚੱਡਾ ਨੇ ਨਿਰਮਾਣ ਦਾ ਕੰਮ ਸ਼ੁਰੂ ਕਰਵਾਇਆ ਅਤੇ ਦੱਸਿਆ ਕਿ ਇਹ ਪੁਲ 10 ਕਰੋੜ ਰੁਪਏ ਦੀ ਲਾਗਤ ਦੇ ਨਾਲ ਬਣਾਇਆ ਜਾ ਰਿਹਾ ਏ ਅਤੇ ਇਸ ਦਾ ਕੰਮ ਛੇ ਮਹੀਨੇ ਵਿੱਚ ਮੁਕੰਮਲ ਕਰ ਲਿਆ ਜਾਵੇਗਾ। ਉਹਨਾਂ ਕਿਹਾ ਕਿ ਪਿਛਲੇ ਲੰਮੇ ਸਮੇਂ ਤੋਂ ਘਾੜੇ ਇਲਾਕੇ ਤੋਂ ਇਸ ਸੰਬੰਧੀ ਮੰਗ ਸੀ. ਜ਼ਿਕਰ ਯੋਗ ਏ ਕਿ ਭਾਖੜਾ ਨਹਿਰ ਦੇ ਉੱਪਰ ਬਹੁਤ ਪੁਰਾਣਾ ਅਤੇ ਤੰਗ ਪੁਲ ਮੌਜੂਦ ਸੀ ਜਿੱਥੇ ਲੋਕਾਂ ਨੂੰ ਆਣ ਜਾਣ ਸਮੇਂ ਭਾਰੀ ਦਿੱਕਤਾਂ ਦਾ ਸਾਹਮਣਾ ਕਰਨਾ ਪੈਂਦਾ ਸੀ।

---

ਲੁਧਿਆਣਾ ਦੇ ਫੋਕਲ ਪੁਆਇੰਟ ਸਥਿਤ ਸੀ.ਆਈ.ਸੀ.ਯੂ ਕੰਪਲੈਕਸ ਵਿਚ ਪਹਿਲੀ ਜੁਲਾਈ ਨੂੰ ਸਵੇਰੇ 9 ਵਜੇ ਤੋਂ ਸ਼ਾਮ 4 ਵਜੇ ਤੱਕ 10ਵਾਂ ਮੈਗਾ ਨੌਕਰੀ ਮੇਲਾ ਲਗਾਇਆ ਜਾ ਰਿਹਾ ਏ। ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨੇ ਦੱਸਿਆ ਏ ਕਿ 10ਵੀਂ, 12ਵੀਂ, ਆਈ.ਟੀ.ਆਈ ਡਿਪਲੋਮਾ ਹੋਲਡਰ, ਗ੍ਰੈਜੂਏਟ, ਪੋਸਟ ਗ੍ਰੈਜੂਏਟ, ਬੀ.ਟੈਕ, ਐਮ.ਬੀ.ਏ ਤੱਕ ਦੀਆਂ ਯੋਗਤਾਵਾਂ ਵਾਲੇ 18 ਸਾਲ ਅਤੇ ਇਸ ਤੋਂ ਵੱਧ ਉਮਰ ਦੇ ਉਮੀਦਵਾਰਾਂ ਦੀ ਚੋਣ ਕਰਨ ਲਈ ਕੰਪਨੀਆਂ ਦੇ ਨੁਮਾਇੰਦੇ ਮੌਕੇ ਉੱਤੇ ਮੌਜੂਦ ਰਹਿਣਗੇ।

---

ਚੇਨਈ ਵਿੱਚ, ਪਹਿਲੇ ਹਾਕੀ ਇੰਡੀਆ ਮਾਸਟਰਜ਼ ਕੱਪ ਦੇ ਔਰਤਾਂ ਦੇ ਫਾਈਨਲ ਵਿੱਚ, ਓਡੀਸ਼ਾ ਨੇ ਪੰਜਾਬ ਨੂੰ ਇੱਕ ਗੋਲ ਨਾਲ ਹਰਾ ਦਿੱਤਾ ਏ। ਮਰਦਾਂ ਦੇ ਮੁਕਾਬਲੇ ਵਿੱਚ, ਤਾਮਿਲਨਾਡੂ ਨੇ ਮਹਾਰਾਸ਼ਟਰ ਨੂੰ 5-0 ਦੇ ਫਰਕ ਨਾਲ ਹਰਾ ਦਿੱਤਾ ਏ।

---

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਦਾ ਕਹਿਣਾ ਏ ਕਿ MSME ਭਾਰਤੀ ਅਰਥਵਿਵਸਥਾ ਦੀ ਰੀੜ੍ਹ ਅਤੇ ਨਿਰੰਤਰ ਰਹਿਣ ਯੋਗ ਤੇ ਸਮਾਵੇਸ਼ੀ ਵਿਕਾਸ ਦੀ ਕੁੰਜੀ ਏ .
- ਕੇਂਦਰੀ ਗ੍ਰਹਿ ਰਾਜ ਮੰਤਰੀ, ਸ੍ਰੀ ਬੰਦੀ ਸੰਜੇ ਕੁਮਾਰ ਨੇ ਭਰੋਸਾ ਪ੍ਰਗਟਾਇਆ ਏ ਕਿ ਭਾਰਤ ਦੁਨੀਆ ਦੀ ਮੋਹਰੀ ਆਰਥਿਕ ਸ਼ਕਤੀ ਵਜੋਂ ਉਭਰੇਗਾ ਅਤੇ ਵਿਕਸਿਤ ਭਾਰਤ 2047 ਦੇ ਦ੍ਰਿਸ਼ਟੀਕੋਣ ਨੂੰ ਪ੍ਰਾਪਤ ਕਰੇਗਾ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਸੂਬਾ ਸਰਕਾਰ ਪੰਜਾਬ ਵਿੱਚ ਸਿੱਖਿਆ ਖ਼ੇਤਰ ਨੂੰ ਹੁਲਾਰਾ ਦੇਣ ਲਈ ਲੀਕ ਤੋਂ ਹਟਵੀਆਂ ਪਹਿਲਕਦਮੀਆਂ ਉੱਤੇ ਚੱਲ ਰਹੀ ਏ।
- ਪਠਾਨਕੋਟ ਦੀ ਗੁਲਾਬ ਦੀ ਖੁਸ਼ਬੂ ਵਾਲੀ ਲੀਚੀ ਨੇ ਅੰਤਰਰਾਸ਼ਟਰੀ ਪੱਧਰ ‘ਤੇ ਖੱਟਿਆ ਨਾਂ. ਕਤਰ ਤੇ ਦੁਬਈ ਨੂੰ ਕੀਤੀ ਗਈ ਬਰਾਮਦ.
- ਰੂਪਨਗਰ ਸ਼ਹਿਰ ਨੂੰ ਜੋੜਨ ਲਈ ਭਾਖੜਾ ਨਹਿਰ ‘ਤੇ ਬਣਨ ਵਾਲੇ ਨਵੇਂ ਪੁਲ ਦਾ ਨਿਰਮਾਣ ਕਾਰਜ ਸ਼ੁਰੂ।